Vigilance Bureau Punjab

# Vigilance nabs revenue Patwari for taking bribe

Chandigarh, March 9: State Vigilance Bureau today nabbed a revenue Patwari red handed while accepting bribe of Rs.10,000.

Disclosing this here an official spokesperson of the Vigilance Bureau said Dharmraj, Patwari posted at revenue halqa Balra in Sangrur district was nabbed red handed by Vigilance team for accepting bribe of Rs. 10,000 from complainant Najar Singh of Balra, Sangrur district.

The complainant has approached the VB and alleged that the above said Patwari was demanding Rs. 15,000/- for mutation of land. He said that he had already paid Rs. 5,000 to the accused Patwari as a first installment.

After verifying his information, a team from Vigilance bureau laid a trap and the accused Patwari was arrested on the spot while accepting bribe of Rs. 10,000/- as a second installment from the complainant in the presence of two official witnesses.

He informed that a case under Prevention of Corruption Act has been registered against the accused at VB police station Patiala and further investigation was under progress.

----------

ਵਿਜੀਲੈਂਸ ਬਿਓਰੋ ਪੰਜਾਬ

# 10,000 ਰੁਪਏ ਰਿਸ਼ਵਤ ਲੈਂਦਾ ਪਟਵਾਰੀ ਵਿਜੀਲੈਂਸ ਵੱਲੋਂ ਕਾਬੂ

ਚੰਡੀਗੜ੍ਹ, 9 ਮਾਰਚ : ਪੰਜਾਬ ਵਿਜੀਲੈਂਸ ਬਿਊਰੋ ਨੇ ਅੱਜ ਮਾਲ ਹਲਕਾ ਬੱਲਰਾ, ਜਿਲਾ ਸੰਗਰੂਰ ਵਿਖੇ ਤਾਇਨਾਤ ਪਟਵਾਰੀ ਧਰਮਰਾਜ ਨੂੰ 10,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਪਟਵਾਰੀ ਨੂੰ ਸ਼ਿਕਾਇਤਕਰਤਾ ਨਾਜਰ ਸਿੰਘ ਵਾਸੀ ਬੱਲਰਾ, ਜਿਲਾ ਸੰਗਰੂਰ ਦੀ ਸ਼ਿਕਾਇਤ ‘ਤੇ 10,000 ਰੁਪਏ ਦੀ ਰਿਸ਼ਵਤ ਲੈਂਦਿਆਂ ਗ੍ਰਿਫ਼ਤਾਰ ਕੀਤਾ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਉਕਤ ਪਟਵਾਰੀ ਵਲੋਂ ਉਸ ਦੇ ਭਰਾ ਦੀ ਮੌਤ ਉਪਰੰਤ ਜਮੀਨ ਆਪਣੀ ਮਾਤਾ ਦੇ ਨਾਮ ਦਰਜ ਕਰਨ ਬਦਲੇ 15,000 ਰੁਪਏ ਦੀ ਮੰਗ ਕੀਤੀ ਗਈ ਹੈ। ਸ਼ਿਕਾਇਤਕਰਤਾ ਨੇ ਕਿਹਾ ਕਿ ਓਸ ਵਲੋ ਪਹਿਲੀ ਕਿਸ਼ਤ ਵਜੋ 5,000 ਰੁਪਏ ਉਕਤ ਪਟਵਾਰੀ ਨੂੰ ਦਿੱਤੇ ਜਾ ਚੁਕੇ ਹਨ।

ਵਿਜੀਲੈਂਸ ਵੱਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਪਟਵਾਰੀ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ ਦੁਜੀ ਕਿਸ਼ਤ ਦੇ 10,000 ਰੁਪਏ ਦੀ ਰਿਸ਼ਵਤ ਲੈਂਦਿਆਂ ਦਬੋਚ ਲਿਆ। ਬੁਲਾਰੇ ਨੇ ਦੱਸਿਆ ਕਿ ਉਕਤ ਦੋਸ਼ੀ ਖਿਲਾਫ਼ ਵਿਜੀਲੈਂਸ ਬਿਓਰੋ ਨੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਪਟਿਆਲਾ ਸਥਿਤ ਵਿਜੀਲੈਂਸ ਬਿਓਰੋ ਦੇ ਥਾਣੇ ਵਿਚ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।

--------------